ਪੰਚ ਪਰਵਾਣ ਪੰਚ ਪਰਧਾਨੁ ॥ ਪੰਚੇ ਪਾਵਹਿ ਦਰਗਹਿ ਮਾਨੁ ॥ ਪੰਚੇ ਸੋਹਹਿ ਦਰਿ
ਰਾਜਾਨੁ ॥ ਪੰਚਾ ਕਾ ਗੁਰੁ ਏਕੁ ਧਿਆਨੁ ॥ ਜੇ ਕੋ ਕਹੈ ਕਰੈ ਵੀਚਾਰੁ ॥ ਕਰਤੇ ਕੈ ਕਰਣੈ
ਨਾਹੀ ਸੁਮਾਰੁ ॥ ਧੌਲੁ ਧਰਮੁ ਦਇਆ ਕਾ ਪੂਤੁ ॥ ਸੰਤੋਖੁ ਥਾਪਿ ਰਖਿਆ ਜਿਨਿ ਸੂਤਿ ॥
ਜੇ ਕੋ ਬੁਝੈ ਹੋਵੈ ਸਚਿਆਰੁ ॥ ਧਵਲੈ ਉਪਰਿ ਕੇਤਾ ਭਾਰੁ ॥ ਧਰਤੀ ਹੋਰੁ ਪਰੈ ਹੋਰੁ ਹੋਰੁ ॥
ਤਿਸ ਤੇ ਭਾਰੁ ਤਲੈ ਕਵਣੁ ਜੋਰੁ ॥ ਜੀਅ ਜਾਤਿ ਰੰਗਾ ਕੇ ਨਾਵ ॥ ਸਭਨਾ ਲਿਖਿਆ
ਵੁੜੀ ਕਲਾਮ ॥ ਏਹੁ ਲੇਖਾ ਲਿਖਿ ਜਾਣੈ ਕੋਇ ॥ ਲੇਖਾ ਲਿਖਿਆ ਕੇਤਾ ਹੋਇ ॥ ਕੇਤਾ
ਤਾਣੁ ਸੁਆਲਿਹੁ ਰੂਪੁ ॥ ਕੇਤੀ ਦਾਤਿ ਜਾਣੈ ਕੌਣੁ ਕੂਤੁ ॥ ਕੀਤਾ ਪਸਾਉ ਏਕੋ ਕਵਾਉ ॥
ਤਿਸ ਤੇ ਹੋਏ ਲਖ ਦਰੀਆਉ ॥ ਕੁਦਰਤਿ ਕਵਣ ਕਹਾ ਵੀਚਾਰੁ ॥ ਵਾਰਿਆ ਨ ਜਾਵਾ
ਏਕ ਵਾਰ ॥ ਜੋ ਤੁਧੁ ਭਾਵੈ ਸਾਈ ਭਲੀ ਕਾਰ ॥ ਤੂ ਸਦਾ ਸਲਾਮਤਿ ਨਿਰੰਕਾਰ ॥੧੬॥